**ਆਖਣਿ ਜੋਰੁ ਚੁਪੈ ਨਹ ਜੋਰੁ ॥ ਜੋਰੁ ਨ ਮੰਗਣਿ ਦੇਣਿ ਨ ਜੋਰੁ ॥ ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥ ਜੋਰੁ ਨ ਰਾਜਿ ਮਾਲਿ ਮਨਿ ਸੋਰੁ ॥**

ਪਦਅਰਥ:- ਆਖਣਿ-ਆਖਣ ਵਿਚ; ਬੋਲਣ ਵਿਚ। ਚੁਪੈ-ਚੁਪ (ਰਹਿਣ) ਵਿਚ। ਜੋਰੁ-ਸਮਰਥਾ, ਇਖ਼ਤਿਆਰ, ਆਪਣੇ ਮਨ ਦੀ ਮਰਜ਼ੀ। ਮੰਗਣਿ-ਮੰਗਣ ਵਿਚ। ਦੇਣਿ-ਦੇਣ ਵਿਚ। ਜੀਵਣਿ-ਜੀਵਣ ਵਿਚ। ਮਰਣਿ-ਮਰਨ ਵਿਚ। ਰਾਜਿ ਮਾਲਿ-ਰਾਜ ਮਾਲ ਵਿਚ, ਰਾਜ ਮਾਲ ਦੇ ਪ੍ਰਾਪਤ ਕਰਨ ਵਿਚ। ਸੋਰੁ-ਰੌਲਾ, ਫੂੰ-ਫਾਂ।

ਅਰਥ:- ਬੋਲਣ ਵਿਚ ਤੇ ਚੁੱਪ ਰਹਿਣ ਵਿਚ ਭੀ ਸਾਡਾ ਕੋਈ ਆਪਣਾ ਇਖ਼ਤਿਆਰ ਨਹੀਂ ਹੈ। ਨਾ ਹੀ ਮੰਗਣ ਵਿਚ ਸਾਡੀ ਮਨ-ਮਰਜ਼ੀ ਚੱਲਦੀ ਹੈ ਅਤੇ ਨਾ ਹੀ ਦੇਣ ਵਿਚ। ਜੀਵਨ ਵਿਚ ਤੇ ਮਰਨ ਵਿਚ ਭੀ ਸਾਡੀ ਕੋਈ ਸਮਰਥਾ (ਕੰਮ ਨਹੀਂ ਦੇਂਦੀ)। ਇਸ ਰਾਜ ਤੇ ਮਾਲ ਦੇ ਪ੍ਰਾਪਤ ਕਰਨ ਵਿਚ ਭੀ ਸਾਡਾ ਕੋਈ ਜ਼ੋਰ ਨਹੀਂ ਚੱਲਦਾ (ਜਿਸ ਰਾਜ ਤੇ ਮਾਲ ਦੇ ਕਾਰਨ ਸਾਡੇ) ਮਨ ਵਿਚ ਫੂੰ-ਫਾਂ ਹੁੰਦੀ ਹੈ।

**ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥ ਜੋਰੁ ਨ ਜੁਗਤੀ ਛੁਟੈ ਸੰਸਾਰੁ ॥ ਜਿਸੁ ਹਥਿ ਜੋਰੁ ਕਰਿ ਵੇਖੈ ਸੋਇ ॥ ਨਾਨਕ ਉਤਮੁ ਨੀਚੁ ਨ ਕੋਇ ॥੩੩॥**

ਪਦਅਰਥ:- ਸੁਰਤੀ-ਸੁਰਤ ਵਿਚ, ਆਤਮਕ ਜਾਗ ਵਿਚ। ਗਿਆਨਿ-ਗਿਆਨ (ਪ੍ਰਾਪਤ ਕਰਨ) ਵਿਚ। ਵੀਚਾਰਿ-ਵੀਚਾਰ (ਕਰਨ) ਵਿਚ। ਜੁਗਤੀ-ਜੁਗਤ ਵਿਚ, ਰਹਿਤ ਵਿਚ। ਛੁਟੈ-ਮੁਕਤ ਹੁੰਦਾ ਹੈ, ਮੁੱਕ ਜਾਂਦਾ ਹੈ।

ਜਿਸੁ ਹਥਿ-ਜਿਸ ਅਕਾਲ ਪੁਰਖ ਦੇ ਹੱਥ ਵਿਚ। ਕਰਿ ਵੇਖੈ-(ਸ੍ਰਿਸ਼ਟੀ ਨੂੰ) ਰਚ ਕੇ ਸੰਭਾਲ ਕਰ ਰਿਹਾ ਹੈ। ਸੋਇ-ਉਹੀ ਅਕਾਲ ਪੁਰਖ। ਸੰਸਾਰੁ-ਜਨਮ ਮਰਨ।

ਅਰਥ:- ਆਤਮਾਕ ਜਾਗ ਵਿਚ,ਗਿਆਨ ਵਿਚ ਅਤੇ ਵਿਚਾਰ ਵਿਚ ਰਹਿਣ ਦੀ ਭੀ ਸਾਡੀ ਸਮਰਥਾ ਨਹੀਂ ਹੈ। ਉਸ ਜੁਗਤੀ ਵਿਚ ਰਹਿਣ ਲਈ ਭੀ ਸਾਡਾ ਇਖ਼ਤਿਆਰ ਨਹੀਂ ਹੈ, ਜਿਸ ਕਰ ਕੇ ਜਨਮ ਮਰਨ ਮੁੱਕ ਜਾਂਦਾ ਹੈ। ਉਹੀ ਅਕਾਲ-ਪੁਰਖ ਰਚਨਾ ਰਚ ਕੇ (ਉਸ ਦੀ ਹਰ ਪਰਕਾਰ) ਸੰਭਾਲ ਕਰਦਾ ਹੈ, ਜਿਸ ਦੇ ਹੱਥ ਵਿਚ ਸਮਰੱਥਾ ਹੈ। ਹੇ ਨਾਨਕ! ਆਪਣੇ ਆਪ ਵਿਚ ਨਾਹ ਕੋਈ ਮਨੁੱਖ ਉੱਤਮ ਹੈ ਅਤੇ ਨਾਹ ਹੀ ਨੀਚ (ਭਾਵ, ਜੀਵਾਂ ਨੂੰ ਸਦਾਚਾਰੀ ਜਾਂ ਦੁਰਾਚਾਰੀ ਬਣਾਣ ਵਾਲਾ ਉਹ ਪ੍ਰਭੂ ਆਪ ਹੀ ਹੈ)(ਜੇ ਸਿਮਰਨ ਦੀ ਬਰਕਤਿ ਨਾਲ ਇਹ ਨਿਸਚਾ ਬਣ ਜਾਏ ਤਾਂ ਹੀ ਪਰਮਾਤਮਾਂ ਨਾਲੋਂ ਜੀਵ ਦੀ ਵਿੱਥ ਦੂਰ ਹੁੰਦੀ ਹੈ)। 33।

ਭਾਵ:- ਭਲੇ ਪਾਸੇ ਤੁਰਨਾ ਜਾਂ ਕੁਰਾਹੇ ਪੈ ਜਾਣਾ ਜੀਵਾਂ ਦੇ ਆਪਣੇ ਵੱਸ ਦੀ ਗੱਲ ਨਹੀਂ, ਜਿਸ ਪ੍ਰਭੂ ਨੇ ਪੈਦਾ ਕੀਤੇ ਹਨ ਉਹੀ ਇਹਨਾਂ ਪੁਤਲੀਆਂ ਨੂੰ ਖਿਡਾ ਰਿਹਾ ਹੈ। ਸੋ, ਜੇ ਕੋਈ ਜੀਵ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਰਿਹਾ ਹੈ ਤਾਂ ਇਹ ਪ੍ਰਭੂ ਦੀ ਆਪਣੀ ਮਿਹਰ ਹੈ; ਜੇ ਕੋਈ ਇਸ ਪਾਸੇ ਵਲੋਂ ਖੁੰਝਾ ਪਿਆ ਹੈ ਤਾਂ ਭੀ ਇਹ ਮਾਲਕ ਦੀ ਰਜ਼ਾ ਹੈ। ਜੇ ਅਸੀਂ ਉਸ ਦੇ ਦਰ ਤੋਂ ਦਾਤਾਂ ਮੰਗਦੇ ਹਾਂ ਤਾਂ ਇਹ ਪ੍ਰੇਰਨਾ ਭੀ ਉਹ ਆਪ ਹੀ ਕਰਨ ਵਾਲਾ ਹੈ, ਤੇ ਫਿਰ, ਦਾਤਾਂ ਦੇਂਦਾ ਭੀ ਆਪ ਹੀ ਹੈ। ਜੇ ਕੋਈ ਜੀਵ ਰਾਜ ਤੇ ਧਨ ਦੇ ਮਦ ਵਿਚ ਮੱਤਾ ਪਿਆ ਹੈ,ਇਹ ਭੀ ਰਜ਼ਾ ਪ੍ਰਭੂ ਦੀ ਹੀ ਹੈ; ਜੇ ਕਿਸੇ ਦੀ ਸੁਰਤ ਪ੍ਰਭੂ-ਚਰਨਾਂ ਵਿਚ ਹੈ ਤੇ ਜੀਵਨ-ਜੁਗਤਿ ਸੁਥਰੀ ਹੈ ਤਾਂ ਇਹ ਮਿਹਰ ਭੀ ਪ੍ਰਭੂ ਦੀ ਹੀ ਹੈ। 33।